## COVID-19 ਦੀ ਪ੍ਰਤੀਕਿਰਿਆ ਵਿੱਚ, ਬ੍ਰੈਂਪਟਨ ਟ੍ਰਾਂਜ਼ਿਟ ਵਿੱਚ 4 ਅਪ੍ਰੈਲ ਨੂੰ ਲਾਗੂ ਹੋਣ ਵਾਲੀਆਂ ਤਬੀਦੀਲੀਆਂ

ਬ੍ਰੈਂਪਟਨ, ਓਨਟੈਰੀਓ (2 ਅਪ੍ਰੈਲ, 2020) – COVID-19 (ਸੀ.ਓ.ਵੀ.ਆਈ.ਡੀ.-19) ਦੀ ਪ੍ਰਤੀਕਿਰਿਆ ਵਿੱਚ ਅਤੇ ਇਹ ਯਕੀਨੀ ਬਣਾਉਣ ਲਈ ਕਿ ਬ੍ਰੈਂਪਟਨ ਟ੍ਰਾਂਜ਼ਿਟ (Brampton Transit), ਆਪਣੇ ਭਾਈਚਾਰੇ ਨੂੰ ਸੁਰੱਖਿਅਤ ਰੂਪ ਨਾਲ ਸੇਵਾ ਦੇ ਰਿਹਾ ਹੈ, 4 ਅਪ੍ਰੈਲ ਤੋਂ ਸ਼ੁਰੂ ਕਰਦੇ ਹੋਏ, ਹੇਠਾਂ ਲਿਖੀ ਵੀਕੈਂਡ ਦੀ ਬੱਸ ਸੇਵਾ ਵਿੱਚ, ਅਗਲੇ ਨੋਟਿਸ ਤੱਕ ਤਬਦੀਲੀ ਹੋਵੇਗੀ।

ਹੇਠਾਂ ਲਿਖੇ ਰੂਟ ਪ੍ਰਭਾਵਿਤ ਹੋਣਗੇ।

**ਸ਼ਨੀਵਾਰ:**

- 32 ਫਾਦਰ ਟੋਬਿਨ (32 Father Tobin) – ਸੇਵਾ ਰੱਦ ਕੀਤੀ ਗਈ ਹੈ; ਸੋਮਵਾਰ ਤੋਂ ਸ਼ੁੱਕਰਵਾਰ ਤੱਕ ਚੱਲਦੀ ਰਹੇਗੀ
- 33 ਪੀਟਰ ਰੋਬਰਟਸਨ (33 Peter Robertson) - ਸੇਵਾ ਰੱਦ ਕੀਤੀ ਗਈ ਹੈ; ਸੋਮਵਾਰ ਤੋਂ ਸ਼ੁੱਕਰਵਾਰ ਤੱਕ ਚੱਲਦੀ ਰਹੇਗੀ
- 56 ਕਿੰਗਨੋਲ (56 Kingknoll) – ਸੇਵਾ ਰੱਦ ਕੀਤੀ ਗਈ ਹੈ; ਸੋਮਵਾਰ ਤੋਂ ਸ਼ੁੱਕਰਵਾਰ ਤੱਕ ਚੱਲਦੀ ਰਹੇਗੀ
- 52 ਮੈਕਮਰਚੀ (52 McMurchy) – ਹੁਣ ਪੂਰਾ ਦਿਨ ਬੱਸਾਂ ਹਰੇਕ 50 ਮਿੰਟਾਂ ਬਾਅਦ ਆਉਣਗੀਆਂ

**ਐਤਵਾਰ:**

- 32 ਫਾਦਰ ਟੋਬਿਨ - ਸੇਵਾ ਰੱਦ ਕੀਤੀ ਗਈ ਹੈ; ਸੋਮਵਾਰ ਤੋਂ ਸ਼ੁੱਕਰਵਾਰ ਤੱਕ ਚੱਲਦੀ ਰਹੇਗੀ
- 56 ਕਿੰਗਨੋਲ - ਸੇਵਾ ਰੱਦ ਕੀਤੀ ਗਈ ਹੈ; ਸੋਮਵਾਰ ਤੋਂ ਸ਼ੁੱਕਰਵਾਰ ਤੱਕ ਚੱਲਦੀ ਰਹੇਗੀ
- 52 ਮੈਕਮਰਚੀ – ਹੁਣ ਪੂਰਾ ਦਿਨ ਬੱਸਾਂ ਹਰੇਕ 50 ਮਿੰਟਾਂ ਬਾਅਦ ਆਉਣਗੀਆਂ

ਇਹ ਤਬਦੀਲੀਆਂ, ਬ੍ਰੈਂਪਟਨ ਟ੍ਰਾਂਜ਼ਿਟ ਦੇ ਕੁਝ ਵਿਅਸਤ ਰੂਟਾਂ ਲਈ ਵਾਧੂ ਸਰੋਤਾਂ ਨੂੰ ਦੁਬਾਰਾ ਵੰਡਣ ਲਈ ਲਾਗੂ ਹੋਣਗੀਆਂ ਕਿਉਂਕਿ ਅਸੀਂ ਸਰੀਰਕ ਦੂਰੀ ਜਿਹੇ ਉਪਾਵਾਂ ਦਾ ਸਮਰਥਨ ਕਰਨ ਲਈ ਬੱਸਾਂ ਵਿੱਚ ਅੱਧੀਆਂ ਸੀਟਾਂ ਤੇ ਹੀ ਸਵਾਰੀਆਂ ਲੈ ਰਹੇ ਹਾਂ।

ਵੱਧ ਵਾਰ ਸਫਾਈ ਅਤੇ ਰੋਗਾਣੂ ਮੁਕਤ ਕਰਨ ਦੀ ਸਮਾਂ ਸਾਰਨੀ ਪਹਿਲਾਂ ਵਾਂਗ ਹੀ ਪ੍ਰਭਾਵੀ ਰਹੇਗੀ। ਹਰ 48 ਘੰਟਿਆਂ ਵਿੱਚ ਸਾਰੀਆਂ ਠੋਸ ਸਤ੍ਹਾਵਾਂ, ਓਪਰੇਟਰ ਕੰਪਾਰਮੈਂਟਸ ਅਤੇ ਸੀਟਾਂ ਨੂੰ ਰੋਗਾਣੂ ਮੁਕਤ ਕਰਨਾ, ਬ੍ਰੈਂਪਟਨ ਟ੍ਰਾਂਜ਼ਿਟ ਦਾ ਟੀਚਾ ਹੈ। ਇਸ ਵੇਲੇ ਬੱਸਾਂ ਨੂੰ ਹਰੇਕ 24 ਘੰਟਿਆਂ ਵਿੱਚ ਰੋਗਾਣੂ ਮੁਕਤ ਕੀਤਾ ਜਾ ਰਿਹਾ ਹੈ। ਜਿਹਨਾਂ ਫੈਸਿਲਿਟੀਜ ਅਤੇ ਟਰਮੀਨਲਾਂ ਦੀਆਂ ਠੋਸ ਸਤ੍ਹਾਵਾਂ ਹਨ, ਉਹਨਾਂ ਨੂੰ ਰੋਜ਼ਾਨਾ ਪੂੰਝਿਆ ਜਾ ਰਿਹਾ ਹੈ ਅਤੇ ਰੋਗਾਣੂ ਮੁਕਤ ਕੀਤਾ ਜਾ ਰਿਹਾ ਹੈ। ਸਵਾਰੀਆਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਸਫ਼ਰ ਕਰਦੇ ਸਮੇਂ ਹੈਂਡ ਸੈਨੀਟਾਈਜ਼ਰ ਜਾਂ ਵਾਈਪਸ ਜਿਹੇ, ਖੁਦ ਦੇ ਰੋਗਾਣੂ-ਨਾਸ਼ਕ ਪਦਾਰਥ ਆਪਣੇ ਨਾਲ ਰੱਖਣ ਅਤੇ ਵਾਰ-ਵਾਰ ਆਪਣੇ ਹੱਥ ਧੋਣ।

ਸਿਟੀ ਆਫ ਬ੍ਰੈਂਪਟਨ, ਜੋਖਮਾਂ ਦਾ ਲਗਾਤਾਰ ਨਿਰੀਖਣ ਕਰਨ ਲਈ ਪੀਲ ਪਬਲਿਕ ਹੈਲਥ (Peel Public Health) ਅਤੇ ਬ੍ਰੈਂਪਟਨ ਐਮਰਜੈਂਸੀ ਮੈਨੇਜਮੈਂਟ ਆਫਿਸ (Brampton Emergency Management Office) ਵਿਖੇ ਆਪਣੇ ਭਾਈਵਾਲਾਂ ਦੇ ਨਾਲ ਮਿਲ ਕੇ ਕੰਮ ਕਰ ਰਹੀ ਹੈ। ਨਿਯਮਿਤ ਅੱਪਡੇਟਾਂ ਲਈ

www.brampton.ca/covid19 ਤੇ ਜਾਓ ਅਤੇ ਸੇਵਾ ਅੱਪਡੇਟਾਂ ਲਈ bramptontransit.com ਤੇ ਜਾਓ ਜਾਂ Twitter ਤੇ @bramptontransit ਨੂੰ ਫਾੱਲੋ ਕਰੋ। ਸਵਾਲ ਸਿੱਧੇ ਬ੍ਰੈਂਪਟਨ ਟ੍ਰਾਂਜ਼ਿਟ ਦੇ ਸੰਪਰਕ ਕੇਂਦਰ (Contact Centre) ਵਿਖੇ 905-874-2999 ਤੇ ਪੁੱਛੇ ਜਾ ਸਕਦੇ ਹਨ।

-30-

**ਕੈਨੇਡਾ ਵਿੱਚ ਸਭ ਤੋਂ ਵੱਧ ਤੇਜ਼ੀ ਨਾਲ ਵਧਣ ਵਾਲੇ ਸ਼ਹਿਰਾਂ ਵਿੱਚੋਂ ਇੱਕ ਦੇ ਤੌਰ ਤੇ, ਬ੍ਰੈਂਪਟਨ 650,000 ਲੋਕਾਂ ਅਤੇ 70,000 ਕਾਰੋਬਾਰੀਆਂ ਦਾ ਘਰ ਹੈ।** ਅਸੀਂ ਜੋ ਵੀ ਕਰਦੇ ਹਾਂ, ਲੋਕਾਂ ਨੂੰ ਧਿਆਨ ਵਿੱਚ ਰੱਖ ਕੇ ਕਰਦੇ ਹਾਂ। ਅਸੀਂ ਸਾਡੇ ਵੰਨ-ਸੁਵੰਨੇ ਭਾਈਚਾਰਿਆਂ ਤੋਂ ਸਰਗਰਮ ਹੁੰਦੇ ਹਾਂ, ਅਸੀਂ ਨਿਵੇਸ਼ ਨੂੰ ਆਕਰਸ਼ਿਤ ਕਰਦੇ ਹਾਂ ਅਤੇ ਅਸੀਂ ਤਕਨੀਕ ਅਤੇ ਵਾਤਾਵਰਣ ਸਬੰਧੀ ਨਵੀਨਤਾ ਨੂੰ ਅੱਗੇ ਵਧਾਉਣ ਦੇ ਸਫ਼ਰ ਤੇ ਹਾਂ। ਅਸੀਂ ਇੱਕ ਅਜਿਹਾ ਸਿਹਤਮੰਦ ਸ਼ਹਿਰ ਬਣਾਉਣ ਵਿੱਚ ਉੱਨਤੀ ਲਈ ਭਾਈਵਾਲੀ ਕਰਦੇ ਹਾਂ, ਜੋ ਸੁਰੱਖਿਅਤ, ਸਥਿਰ ਅਤੇ ਸਫਲ ਹੋਵੇ। ਸਾਡੇ ਨਾਲ Twitter, Facebook, ਅਤੇ Instagram ਤੇ ਜੁੜੋ। www.brampton.ca ਤੇ ਹੋਰ ਜਾਣੋ।

**ਮੀਡੀਆ ਸੰਪਰਕ**
ਮੋਨਿਕਾ ਦੁੱਗਲ (Monika Duggal)
ਕੋਆਰਡੀਨੇਟਰ, ਮੀਡੀਆ ਐਂਡ ਕਮਿਉਨਿਟੀ ਐਨਗੇਜਮੈਂਟ
ਸਟ੍ਰੈਟਜਿਕ ਕਮਿਉਨਿਕੇਸ਼ਨ
ਸਿਟੀ ਆਫ ਬ੍ਰੈਂਪਟਨ
905-874-3426 | Monika.Duggal@brampton.ca